ਸਿਰੀਰਾਗੁ ਮਹਲਾ ੩ ॥ ਆਪੇ ਕਾਰਣੁ ਕਰਤਾ ਕਰੇ ਸ੍ਰਿਸਟਿ ਦੇਖੈ ਆਪਿ ਉਪਾਇ ॥ ਸਭ ਏਕੋ ਇਕੁ ਵਰਤਦਾ ਅਲਖੁ ਨ ਲਖਿਆ ਜਾਇ ॥ ਆਪੇ ਪ੍ਰਭੂ ਦਇਆਲੁ ਹੈ ਆਪੇ ਦੇਇ ਬੁਝਾਇ ॥ ਗੁਰਮਤੀ ਸਦ ਮਨਿ ਵਸਿਆ ਸਚਿ ਰਹੇ ਲਿਵ ਲਾਇ ॥ ੧ ॥ ਮਨ ਮੇਰੇ ਗੁਰ ਕੀ ਮੰਨਿ ਲੈ ਰਜਾਇ ॥ ਮਨੁ ਤਨੁ ਸੀਤਲੁ ਸਭੁ ਥੀਐ ਨਾਮੁ ਵਸੈ ਮਨਿ ਆਇ ॥੧॥ ਰਹਾਉ ॥ ਜਿਨਿ ਕਰਿ ਕਾਰਣੁ ਧਾਰਿਆ ਸੋਈ ਸਾਰ ਕਰੇਇ ॥ ਗੁਰ ਕੈ ਸਬਦਿ ਪਛਾਣੀਐ ਜਾ ਆਪੇ ਨਦਰਿ ਕਰੇਇ ॥ ਸੇ ਜਨ ਸਬਦੇ ਸੋਹਣੇ ਤਿਤੁ ਸਚੈ ਦਰਬਾਰਿ ॥ ਗੁਰਮੁਖਿ ਸਚੈ ਸਬਦਿ ਰਤੇ ਆਪਿ ਮੇਲੇ ਕਰਤਾਰਿ ॥ ੨ ॥ ਗੁਰਮਤੀ ਸਚੁ ਸਲਾਹਣਾ ਜਿਸ ਦਾ ਅੰਤੁ ਨ ਪਾਰਾਵਾਰੁ ॥ ਘਟਿ ਘਟਿ ਆਪੇ ਹੁਕਮਿ ਵਸੈ ਹੁਕਮੇ ਕਰੇ ਬੀਚਾਰੁ ॥ ਗੁਰ ਸਬਦੀ ਸਾਲਾਹੀਐ ਹਉਮੈ ਵਿਚਹੁ ਖੋਇ ॥ ਸਾ ਧਨ ਨਾਵੈ ਬਾਹਰੀ ਅਵਗਣਵੰਤੀ ਰੋਇ ॥ ੩ ॥ ਸਚੁ ਸਲਾਹੀ ਸਚਿ ਲਗਾ ਸਚੈ ਨਾਇ ਤ੍ਰਿਪਤਿ ਹੋਇ ॥ ਗੁਣ ਵੀਚਾਰੀ ਗੁਣ ਸੰਗ੍ਰਹਾ ਅਵਗੁਣ ਕਢਾ ਧੋਇ ॥ ਆਪੇ ਮੇਲਿ ਮਿਲਾਇਦਾ ਫਿਰਿ ਵੇਛੋੜਾ ਨ ਹੋਇ ॥ ਨਾਨਕ ਗੁਰੁ ਸਾਲਾਹੀ ਆਪਣਾ ਜਿਦੂ ਪਾਈ ਪ੍ਰਭੁ ਸੋਇ ॥੪॥੨੭॥੬੦॥ {ਪੰਨਾ 37}

ਪਦਅਰਥ:- ਆਪੇ—ਆਪਿ ਹੀ। ਕਾਰਣੁ—ਮੂਲ। ਦੇਖੈ—ਸੰਭਾਲ ਕਰਦਾ ਹੈ। ਉਪਾਇ—ਪੈਦਾ ਕਰ ਕੇ। ਸਭ—ਹਰ ਥਾਂ। ਅਲਖੁ—{A|™X} ਸਮਝ ਵਿਚ ਨਾਹ ਆ ਸਕਣ ਵਾਲਾ। ਬੁਝਾਇ ਦੇਇ—ਸਮਝਾ ਦੇਂਦਾ ਹੈ। ਸਦ—ਸਦਾ। ਮਨਿ—ਮਨ ਵਿਚ। ਸਚਿ—ਸਦਾ-ਥਿਰ ਪ੍ਰਭੂ ਵਿਚ।1।

ਰਜਾਇ—ਭਾਣਾ, ਮਰਜ਼ੀ, ਹੁਕਮ। ਥੀਐ—ਹੋ ਜਾਂਦਾ ਹੈ।1। ਰਹਾਉ।

ਜਿਨਿ—ਜਿਸ (ਕਰਤਾਰ) ਨੇ। ਕਰਿ—ਕਰ ਕੇ। ਸਾਰ—ਸੰਭਾਲ। ਕਰੇਇ—ਕਰਦਾ ਹੈ। ਤਿਤੁ—ਉਸ ਵਿਚ। ਤਿਤੁ ਦਰਬਾਰਿ—ਉਸ ਦਰਬਾਰ ਵਿਚ। ਕਰਤਾਰਿ—ਕਰਤਾਰ ਨੇ।2।

ਸਚੁ—ਸਦਾ-ਥਿਰ ਪ੍ਰਭੂ। ਪਾਰਾਵਾਰੁ—ਪਾਰ-ਅਵਾਰ, ਪਾਰਲਾ ਉਰਲਾ ਬੰਨਾ। ਘਟਿ—ਘਟ ਵਿਚ। ਘਟਿ ਘਟਿ—ਹਰੇਕ ਘਟ ਵਿਚ। ਹੁਕਮਿ—ਹੁਕਮ ਅਨੁਸਾਰ। ਖੋਇ—ਦੂਰ ਕਰ ਕੇ। ਸਾਧਨ—ਜੀਵ-ਇਸਤ੍ਰੀ। ਨਾਵੈ ਬਾਹਰੀ—ਨਾਮ ਤੋਂ ਸੱਖਣੀ। ਰੋਇ—ਰੋਂਦੀ ਹੈ, ਦੁਖੀ ਹੁੰਦੀ ਹੈ।3।

ਸਲਾਹੀ—ਸਲਾਹੀਂ, ਮੈਂ ਸਲਾਹਾਂ। ਲਗਾ—ਲੱਗਾਂ, ਮੈਂ ਜੁੜਿਆ ਰਹਾਂ। ਨਾਇ—ਨਾਮ ਦੀ ਰਾਹੀਂ। ਤ੍ਰਿਪਤਿ—ਰਜੇਵਾਂ, ਤ੍ਰਿਸ਼ਨਾ ਦਾ ਅਭਾਵ। ਵੀਚਾਰੀ—ਵੀਚਾਰੀਂ, ਮੈਂ ਵੀਚਾਰਾਂ। ਸੰਗ੍ਰਹਾ—ਮੈਂ ਇਕੱਠੇ ਕਰਾਂ। ਧੋਇ—ਧੋ ਕੇ। ਜਿਦੂ—ਜਿਸ (ਗੁਰੂ) ਤੋਂ। ਪਾਈ—ਪਾਈਂ, ਮੈਂ ਲੱਭ ਲਵਾਂ।4।

ਅਰਥ:- ਹੇ ਮੇਰੇ ਮਨ! ਗੁਰੂ ਦੇ ਹੁਕਮ ਵਿਚ ਤੁਰ। (ਜੇਹੜਾ ਮਨੁੱਖ ਗੁਰੂ ਦਾ ਹੁਕਮ ਮੰਨਦਾ ਹੈ ਉਸ ਦਾ) ਮਨ (ਉਸ ਦਾ ਸਰੀਰ) ਸ਼ਾਂਤ ਹੋ ਜਾਂਦਾ ਹੈ, (ਉਸ ਦੇ) ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ।1। ਰਹਾਉ।

ਕਰਤਾਰ ਆਪ ਹੀ (ਜਗਤ ਦਾ) ਮੂਲ ਰਚਦਾ ਹੈ ਤੇ ਫਿਰ ਜਗਤ ਪੈਦਾ ਕਰ ਕੇ ਆਪ (ਹੀ) ਉਸ ਦੀ ਸੰਭਾਲ ਕਰਦਾ ਹੈ। (ਇਸ ਜਗਤ ਵਿਚ) ਹਰ ਥਾਂ ਕਰਤਾਰ ਆਪ ਹੀ ਆਪ ਵਿਆਪਕ ਹੈ (ਫਿਰ ਭੀ) ਉਹ (ਜੀਵਾਂ ਦੀ) ਸਮਝ ਵਿਚ ਨਹੀਂ ਆ ਸਕਦਾ, ਉਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ਉਹ ਪ੍ਰਭੂ ਆਪ ਹੀ (ਜਦੋਂ) ਦਿਆਲ ਹੁੰਦਾ ਹੈ (ਤਦੋਂ) ਆਪ ਹੀ (ਸਹੀ ਜੀਵਨ ਦੀ) ਸਮਝ ਬਖ਼ਸ਼ਦਾ ਹੈ।

ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਗੁਰੂ ਦੀ ਮਤਿ ਦੀ ਬਰਕਤਿ ਨਾਲ ਪਰਮਾਤਮਾ ਵੱਸ ਪੈਂਦਾ ਹੈ, ਉਹ ਮਨੁੱਖ ਉਸ ਸਦਾ-ਥਿਰ ਪ੍ਰਭੂ ਵਿਚ ਸਦਾ ਸੁਰਤਿ ਜੋੜੀ ਰੱਖਦੇ ਹਨ।1।

ਜਿਸ ਕਰਤਾਰ ਨੇ ਜਗਤ ਦਾ ਮੂਲ ਰਚ ਕੇ ਜਗਤ ਪੈਦਾ ਕੀਤਾ ਹੈ, ਉਹੀ ਇਸ ਦੀ ਸੰਭਾਲ ਕਰਦਾ ਹੈ। ਪਰ ਉਸ ਦੀ ਕਦਰ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਤਦੋਂ ਪੈਂਦੀ ਹੈ, ਜਦੋਂ ਉਹ ਆਪ ਹੀ ਮਿਹਰ ਦੀ ਨਿਗਾਹ ਕਰਦਾ ਹੈ। (ਜਿਨ੍ਹਾਂ ਉੱਤੇ ਮਿਹਰ ਦੀ ਨਿਗਾਹ ਕਰਦਾ ਹੈ) ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਸਦਾ-ਥਿਰ ਪ੍ਰਭੂ ਦੇ ਦਰਬਾਰ ਵਿਚ ਸੋਭਾ ਪਾਂਦੇ ਹਨ। ਜਿਨ੍ਹਾਂ ਨੂੰ ਕਰਤਾਰ ਨੇ ਆਪ ਹੀ (ਗੁਰੂ-ਚਰਨਾਂ ਵਿਚ) ਜੋੜਿਆ ਹੈ ਉਹ ਗੁਰੂ ਦੇ ਸਨਮੁਖ ਰਹਿ ਕੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਰੰਗੇ ਰਹਿੰਦੇ ਹਨ।2।

(ਹੇ ਭਾਈ!) ਗੁਰੂ ਦੀ ਮਤਿ ਲੈ ਕੇ ਉਸ ਸਦਾ-ਥਿਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ ਜਿਸ (ਦੇ ਗੁਣਾਂ) ਦਾ ਅੰਤ ਨਹੀਂ ਪੈ ਸਕਦਾ, ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ। (ਉਹ ਸਦਾ-ਥਿਰ ਪ੍ਰਭੂ) ਆਪ ਹੀ ਆਪਣੇ ਹੁਕਮ ਅਨੁਸਾਰ ਹਰੇਕ ਸਰੀਰ ਵਿਚ ਵੱਸਦਾ ਹੈ, ਤੇ ਆਪਣੇ ਹੁਕਮ ਵਿਚ ਹੀ (ਜੀਵਾਂ ਦੀ ਸੰਭਾਲ ਦੀ) ਵਿਚਾਰ ਕਰਦਾ ਹੈ।

(ਹੇ ਭਾਈ!) ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੇ ਅੰਦਰੋਂ ਹਉਮੈ ਦੂਰ ਕਰਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ। ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੇ ਨਾਮ ਤੋਂ ਸੱਖਣੀ ਰਹਿੰਦੀ ਹੈ ਉਹ ਔਗੁਣਾਂ ਨਾਲ ਭਰ ਜਾਂਦੀ ਹੈ ਤੇ ਦੁੱਖੀ ਹੁੰਦੀ ਹੈ।3।

ਹੇ ਨਾਨਕ! (ਆਖ—ਮੇਰੀ ਇਹੀ ਅਰਦਾਸ ਹੈ ਕਿ) ਮੈਂ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਾਂ, ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਜੁੜਿਆ ਰਹਾਂ, ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਟਿਕੇ ਰਿਹਾਂ ਹੀ ਤ੍ਰਿਸ਼ਨਾ ਮੁੱਕਦੀ ਹੈ। (ਮੇਰੀ ਅਰਦਾਸ ਹੈ ਕਿ) ਮੈਂ ਪਰਮਾਤਮਾ ਦੇ ਗੁਣਾਂ ਨੂੰ ਵਿਚਾਰਦਾ ਰਹਾਂ, ਉਹਨਾਂ ਗੁਣਾਂ ਨੂੰ (ਆਪਣੇ ਹਿਰਦੇ ਵਿਚ) ਇਕੱਠੇ ਕਰਦਾ ਰਹਾਂ ਤੇ (ਇਸ ਤਰ੍ਹਾਂ ਆਪਣੇ ਅੰਦਰੋਂ) ਔਗੁਣ ਧੋ ਕੇ ਕੱਢ ਦਿਆਂ।

ਜਿਸ ਮਨੁੱਖ ਨੂੰ ਪ੍ਰਭੂ ਆਪ ਹੀ ਆਪਣੇ ਚਰਨਾਂ ਵਿਚ ਜੋੜਦਾ ਹੈ, ਉਸ ਨੂੰ ਮੁੜ ਕਦੇ ਪ੍ਰਭੂ ਤੋਂ ਵਿਛੋੜਾ ਨਹੀਂ ਹੁੰਦਾ।

(ਮੇਰੀ ਅਰਦਾਸ ਹੈ ਕਿ) ਮੈਂ ਆਪਣੇ ਗੁਰੂ ਦੀ ਸਿਫ਼ਤਿ ਕਰਦਾ ਰਹਾਂ, ਕਿਉਂਕਿ ਗੁਰੂ ਦੀ ਰਾਹੀਂ ਹੀ ਉਹ ਪ੍ਰਭੂ ਮਿਲ ਸਕਦਾ ਹੈ।4। 27। 60।